ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕਾਂ ਅੰਦਰ ਸਦਭਾਵਨਾ ਬਣਾਈ ਰੱਖਣ ਦੇ ਲਈ ਜ਼ਿਲਾ ਅੰਦਰ ਕੱਢਿਆ ਫਲੈਗ ਮਾਰਚ

ਲੋਕ ਆਪਣੀ ਵੋਟ ਦਾ ਇਸਤੇਮਾਲ ਬਿਨਾਂ ਡਰ ਭੈ ਤੋਂ ਕਰਨਾ:-ਐਸ.ਪੀ (ਐਚ) ਕਮਲਪ੍ਰੀਤ ਸਿੰਘ ਚਾਹਲ



ਸ੍ਰੀ ਮੁਕਤਸਰ ਸਾਹਿਬ (                    ) ਮਾਨਯੋਗ ਚੋਣ ਕਮਿਸ਼ਨ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਤੇ ਸ. ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ  ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਦੀ ਅਗਵਾਈ ਹੇਠ ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦਿਆਂ ਜਿਲ੍ਹੇ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਜਿਸ ਤਹਿਤ ਪੁਲਿਸ ਵੱਲੋਂ ਵੱਖ ਵੱਖ ਟੀਮਾਂ ਬਣਾ ਕੇ ਸ਼ੱਕੀ ਪੁਰਸ਼ਾਂ ਦੇ ਟਿਕਾਣਿਆਂ ਤੇ ਸਰਚ ਕੀਤਾ ਜਾ ਰਿਹਾ ਹੈ ਅਤੇ ਪੀ.ਸੀ.ਆਰ ਮੋਟਰਸਾਈਕਲਾ ਵੱਲੋਂ ਰਾਤ ਦਿਨ ਗਸਤ ਵਾਂ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਅੱਜ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਜਿਲ੍ਹਾ ਪੁਲਿਸ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੀਆਂ ਸਾਰੀਆਂ ਸਬ-ਡਵੀਜ਼ਨਾਂ, ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸ ਫਲੈਗ ਮਾਰਚ ਵਿੱਚ ਸ. ਕਮਲਪ੍ਰੀਤ ਸਿੰਘ ਚਾਹਲ ਐਸ.ਪੀ (ਐੱਚ) , ਸ. ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ.ਜਸਪਾਲ ਸਿੰਘ ਡੀ.ਐਸ.ਪੀ (ਡੀ),ਸ.ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ), ਸ੍ਰੀ ਪਵਨਜੀਤ ਡੀ.ਐਸ.ਪੀ (ਮਲੋਟ), ਸ. ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਜ਼ਿਲ੍ਹੇ ਦੇ ਸਮੂਹ ਮੁੱਖ ਅਫਸਰਾਂਨ ਤੋ ਇਲਾਵਾ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਸਮੇਤ ਪੈਰਾਮਿਲਟਰੀ ਫੋਰਸ ਅਤੇ ਬੀ.ਐਸ.ਐਫ ਫੋਰਸ ਹਾਜ਼ਰ ਸੀ।